# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ: 08-09-2024**

ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਕਿਹਾ ਏ ਕਿ ਸਿਰਫ਼ ਕੇਂਦਰ ਸਰਕਾਰ ਹੀ, ਜੰਮੂ-ਕਸ਼ਮੀਰ ਨੂੰ ਰਾਜ ਦਾ ਦਰਜਾ ਬਹਾਲ ਕਰ ਸਕਦੀ ਏ। ਕੱਲ੍ਹ ਜੰਮੂ ਵਿੱਚ ਭਾਰਤੀ ਜਨਤਾ ਪਾਰਟੀ ਦੇ ਵਰਕਰਾਂ ਨਾਲ ਗੱਲ ਕਰਦਿਆਂ, ਅਮਿਤ ਸ਼ਾਹ ਨੇ ਕਿਹਾ ਕਿ ਉਨ੍ਹਾਂ ਨੇ ਖੁਦ ਸਾਲ 2019 ਵਿੱਚ ਸੰਸਦ ਵਿੱਚ ਕਿਹਾ ਸੀ ਕਿ ਵਿਧਾਨ ਸਭਾ ਚੋਣਾਂ ਤੋਂ ਬਾਅਦ, ਢੁਕਵੇਂ ਸਮੇਂ ’ਤੇ ਜੰਮੂ-ਕਸ਼ਮੀਰ ਦਾ ਰਾਜ ਦਾ ਦਰਜਾ ਬਹਾਲ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਸੂਬੇ ਵਿਚ ਹੋਣ ਵਾਲੀਆਂ ਵਿਧਾਨ ਸਭਾ ਚੋਣਾਂ ਇਤਿਹਾਸਕ ਹੋਣਗੀਆਂ, ਕਿਉਂਕਿ ਧਾਰਾ 370 ਨੂੰ ਖਤਮ ਕਰਨ ਤੋਂ ਬਾਅਦ, ਇਹ ਚੋਣਾਂ ਪਹਿਲੀ ਵਾਰ ਹੋ ਰਹੀਆਂ ਨੇ। ਗ੍ਰਹਿ ਮੰਤਰੀ ਨੇ ਕਿਹਾ ਕਿ ਆਜ਼ਾਦੀ ਤੋਂ ਬਾਅਦ ਇਹ ਪਹਿਲਾ ਮੌਕਾ ਹੋਵੇਗਾ, ਜਦੋਂ ਜੰਮੂ-ਕਸ਼ਮੀਰ ਦੇ ਲੋਕ ਇਕ ਝੰਡੇ ਯਾਨੀ ਤਿਰੰਗੇ ਅਤੇ ਬਾਬਾ ਸਾਹਿਬ

ਅੰਬੇਡਕਰ ਦੇ ਸੰਵਿਧਾਨ ਹੇਠ ਵੋਟ ਪਾਉਣਗੇ। ਗ੍ਰਿਹ ਮੰਤਰੀ ਨੇ ਦੋਸ਼ ਲਾਇਆ ਕਿ ਵਿਰੋਧੀ ਪਾਰਟੀਆਂ, ਜੰਮੂ-ਕਸ਼ਮੀਰ ਵਿੱਚ ਪੁਰਾਣੀ ਪ੍ਰਣਾਲੀ ਨੂੰ ਬਹਾਲ ਕਰਨਾ ਚਾਹੁੰਦੀਆਂ ਨੇ ਅਤੇ ਪਾਕਿਸਤਾਨ ਨਾਲ ਗੱਲਬਾਤ ਦੇ ਹੱਕ ਵਿੱਚ ਨੇ । ਉਨ੍ਹਾਂ ਸਪੱਸ਼ਟ ਕੀਤਾ ਕਿ ਸ਼ਾਂਤੀ ਬਹਾਲ ਹੋਣ ਤੱਕ, ਪਾਕਿਸਤਾਨ ਨਾਲ ਕੋਈ ਗੱਲਬਾਤ ਨਹੀਂ ਹੋਵੇਗੀ।

**BYTE:**

ਅਮਿਤ ਸ਼ਾਹ ਨੇ ਕਿਹਾ ਕਿ ਰਾਸ਼ਟਰੀ ਜਮਹੂਰੀ ਗਠਜੋੜ-ਐੱਨ.ਡੀ.ਏ ਸਰਕਾਰ, ਭਾਰਤੀ ਜਨਤਾ ਪਾਰਟੀ ਦੀ ਸਰਕਾਰ ਵਲੋਂ ਰਾਖਵਾਂਕਰਨ ਦਿੱਤੇ ਗਏ ਗੁੱਜਰਾਂ, ਪਹਾੜੀਆਂ, ਬਕਰਵਾਲਾਂ ਅਤੇ ਹੋਰਨਾਂ ਅਨੁਸੂਚਿਤ ਜਾਤੀਆਂ ਸਮੇਤ ਕਿਸੇ ਵੀ ਭਾਈਚਾਰੇ ਨਾਲ ਬੇਇਨਸਾਫੀ ਨਹੀਂ ਹੋਣ ਦੇਵੇਗੀ।

---------------------------------------------------------------

ਅੱਜ ਅੰਤਰ-ਰਾਸ਼ਟਰੀ ਸਾਖਰਤਾ ਦਿਵਸ ਮਨਾਇਆ ਜਾ ਰਿਹਾ ਏ । ਇਹ ਹਰ ਵਿਅਕਤੀ, ਭਾਈਚਾਰੇ ਅਤੇ ਸਮਾਜ ਲਈ ਸਾਖਰਤਾ ਦੀ ਮਹੱਤਤਾ ਵੱਲ ਧਿਆਨ ਖਿੱਚਣ ਲਈ ਆਯੋਜਿਤ ਕੀਤਾ ਜਾਂਦਾ ਏ। ਇਸ

ਸਾਲ ਦਾ ਵਿਸ਼ਾ, ਬਹੁ-ਭਾਸ਼ਾਈ ਸਿੱਖਿਆ ਪ੍ਰੋਤਸਾਹਨ: ਆਪਸੀ ਸਮਝ ਅਤੇ ਸ਼ਾਂਤੀ ਲਈ ਸਾਖਰਤਾ ਰੱਖਿਆ ਗਿਆ ਏ। ਸਕੂਲ ਸਿੱਖਿਆ ਅਤੇ ਸਾਖਰਤਾ ਵਿਭਾਗ ਨੇ,ਇਸੇ ਸਿਲਸਿਲੇ ਵਿਚ ਕੱਲ੍ਹ ਇੱਕ ਕੌਮਾਂਤਰੀ ਕਾਨਫਰੰਸ ਦਾ ਆਯੋਜਨ ਕੀਤਾ। ਕਾਨਫਰੰਸ ਦਾ ਉਦੇਸ਼ ਅਜੋਕੇ ਸਮੇਂ ਵਿੱਚ ਸਾਖਰਤਾ ਦੇ ਵੱਖ-ਵੱਖ ਪਹਿਲੂਆਂ 'ਤੇ ਚਰਚਾ ਕਰਨਾ ਸੀ। ਕਾਨਫਰੰਸ ਵਿੱਚ ਭਾਰਤ ਅਤੇ ਵਿਦੇਸ਼ਾਂ ਦੇ ਮਾਹਿਰਾਂ ਨੇ ਸਾਰਥਕ ਚਰਚਾ ਕੀਤੀ।

---------------------------------------------------------------

ਪੰਜਾਬ ਦੇ ਸਿਹਤ ਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਕਿਹਾ ਏ ਪੰਜਾਬ ਸਰਕਾਰ ਵਲੋਂ ਪਟਿਆਲਾ ਦੇ ਸਰਕਾਰੀ ਰਜਿੰਦਰਾ ਹਸਪਤਾਲ ਤੇ ਮੈਡੀਕਲ ਕਾਲਜ ਦੀ ਕਾਇਆ ਕਲਪ ਕੀਤੀ ਜਾ ਰਹੀ ਏ। ਡਾ. ਬਲਬੀਰ ਸਿੰਘ ਬੀਤੀ ਸ਼ਾਮ ਰਜਿੰਦਰਾ ਹਸਪਤਾਲ ਤੇ ਸਰਕਾਰੀ ਮੈਡੀਕਲ ਦੇ ਵਿਕਾਸ ਪ੍ਰਾਜੈਕਟਾਂ ਦਾ ਜਾਇਜ਼ਾ ਲੈਣ ਲਈ ਮੀਟਿੰਗ ਕਰ ਰਹੇ ਸਨ। ਇਸ ਮੌਕੇ ਉਨ੍ਹਾਂ ਨੇ, ਜੂਨੀਅਰ ਰੈਜੀਡੈਂਟ ਡਾਕਟਰਾਂ ਦੀ ਮੰਗ 'ਤੇ ਪੁਖ਼ਤਾ ਸੁਰੱਖਿਆ ਦੇ ਇੰਤਜਾਮ ਕਰਨ ਦਾ ਭਰੋਸਾ ਵੀ

ਦਿਵਾਇਆ ਅਤੇ ਦੁਹਰਾਇਆ ਕਿ ਪੰਜਾਬ ਸਰਕਾਰ ਸੂਬੇ ਵਿੱਚ ਮੈਡੀਕਲ ਪੇਸ਼ੇਵਰਾਂ ਦੀ ਸੁਰੱਖਿਆ ਲਈ ਪੂਰੀ ਤਰ੍ਹਾਂ ਸੰਜੀਦਾ ਏ । ਇਸ ਮੌਕੇ ਡਿਪਟੀ ਕਮਿਸ਼ਨਰ ਸ਼ੌਕਤ ਅਹਿਮਦ ਪਰੇ ਤੇ ਐਸ.ਐਸ.ਪੀ. ਡਾ. ਨਾਨਕ ਸਿੰਘ ਵੀ ਮੌਜੂਦ ਰਹੇ । ਡਾ. ਬਲਬੀਰ ਸਿੰਘ ਨੇ ਦੱਸਿਆ ਕਿ ਸਰਕਾਰ ਵਲੋਂ ਰਜਿੰਦਰਾ ਹਸਪਤਾਲ ਵਿਖੇ ਟਰੌਮਾ ਸੈਂਟਰ ਦੀ ਉਸਾਰੀ ਕਰਵਾਈ ਜਾਣੀ ਏ , ਜਿਸ ਲਈ ਇਸ ਪ੍ਰਾਜੈਕਟ ਦਾ ਜਾਇਜ਼ਾ ਲਿਆ ਤੇ ਸਬੰਧਤ ਅਧਿਕਾਰੀਆਂ ਨੂੰ ਲੋੜੀਂਦੇ ਨਿਰਦੇਸ਼ ਦਿੱਤੇ ਨੇ । ਉਨ੍ਹਾਂ ਕਿਹਾ ਕਿ ਇਸੇ ਸਮੇਂ 128 ਕਰੋੜ ਰੁਪਏ ਦੇ ਵਿਕਾਸ ਕਾਰਜ ਸਰਕਾਰੀ ਰਜਿੰਦਰਾ ਹਸਪਤਾਲ ਤੇ ਸਰਕਾਰੀ ਮੈਡੀਕਲ ਕਾਲਜ ਵਿਖੇ ਚੱਲ ਰਹੇ ਨੇ ਅਤੇ ਜਲਦੀ ਹੀ ਕਰੀਬ 70 ਕਰੋੜ ਰੁਪਏ ਦੀ ਲਾਗਤ ਨਾਲ ਬਣਨ ਵਾਲੇ ਟਰੌਮਾ ਸੈਂਟਰ ਦਾ ਕੰਮ ਵੀ ਸ਼ੁਰੂ ਹੋ ਜਾਵੇਗਾ ।

------------------------------------------------------------

ਅੰਮ੍ਰਿਤਸਰ ਦਿਹਾਤੀ ਪੁਲਿਸ ਤੇ ਸੀਮਾ ਸੁਰੱਖਿਆ ਬਲ ਨੇ ਸਾਂਝੇ ਅਪਰੇਸ਼ਨ ਦੌਰਾਨ 5 ਕਿਲੋ 544 ਗ੍ਰਾਮ ਹੀਰੋਇਨ ਤੇ ਇੱਕ ਮੋਟਰਸਾਈਕਲ ਸਮੇਤ 4 ਦੋਸ਼ੀਆਂ ਨੂੰ ਗਿਰਫ਼ਤਾਰ ਕੀਤਾ ਏ ।

ਐਸ.ਐਸ.ਪੀ ਚਰਨਜੀਤ ਸਿੰਘ ਸੋਹਲ ਅਤੇ ਬੀ.ਐਸ.ਐਫ ਵੱਲੋਂ ਕੀਤੀ ਗਈ ਇੱਕ ਸਾਂਝੀ ਪ੍ਰੈੱਸ ਕਾਨਫਰੰਸ ਦੌਰਾਨ ਜਾਣਕਾਰੀ ਦੀਦਿਆਂ ਐਸ.ਐਸ.ਪੀ ਨੇ ਦੱਸਿਆ ਕਿ ਇਹ ਕਾਰਵਾਈ ਇਕ ਗੁਪਤ ਸੂਚਨਾ ਦੇ ਅਧਾਰ ਤੇ ਕੀਤੀ ਗਈ। ਫੜੇ ਗਏ ਮੁਲਜ਼ਮਾਂ ਦੀ ਪਛਾਣ ਕੁਲਦੀਪ ਸਿੰਘ, ਕਿਰਪਾਲ ਸਿੰਘ ਵਾਸੀਆਨ ਤੇੜਾ ਰਾਜਪੂਤਾ, ਜਤਿੰਦਰ ਸਿੰਘ ਵਾਸੀ ਮੁਹਾਰ ਥਾਣਾ ਅਜਨਾਲਾ ਅਤੇ ਮੰਡਿਆਂਵਾਲਾ ਦੇ ਗੁਰਪ੍ਰੀਤ ਸਿੰਘ ਉਰਫ ਗੋਪੀ ਵਜੋਂ ਹੋਈ ਏ। ਇਨ੍ਹਾਂ ਦੇ ਪਾਕਿਸਤਾਨੀ ਤਸਕਰਾਂ ਨਾਲ ਸਬੰਧ ਨੇ ਅਤੇ ਇਹ ਸਾਰੇ ਮਿਲ ਕੇ ਪਾਕਿਸਤਾਨ ਤੋਂ ਹੈਰੋਇੰਨ ਮੰਗਵਾ ਕੇ ਅੱਗੇ ਸਪਲਾਈ ਕਰਦੇ ਸਨ । ਇਨ੍ਹਾਂ ਚਾਰੇ ਵਿਅਕਤੀਆ ਖਿਲਾਫ ਮੁਕਦਮਾ ਦਰਜ ਕਰਕੇ ਤਫਤੀਸ਼ ਅਮਲ ਵਿੱਚ ਲਿਆਂਦੀ ਜਾ ਰਹੀ ਏ। ਜ਼ਿਕਰਯੋਗ ਏ ਕਿ ਗ੍ਰਿਫਤਾਰ ਕੀਤੇ ਗਏ ਕੁਲਦੀਪ ਸਿੰਘ ਖਿਲਾਫ ਪਹਿਲਾ ਵੀ ਨਸ਼ਿਆਂ ਨੂੰ ਰੋਕਣ ਬਾਰੇ ਕਾਨੂੰਨ ਅਤੇ ਅਸਲਾ ਐਕਟ ਤਹਿਤ ਅੰਮ੍ਰਿਤਸਰ ਵਿਖੇ ਮਾਮਲਾ ਦਰਜ ਏ । ਉਨ੍ਹਾਂ ਦਸਿਆ ਕਿ ਗ੍ਰਿਫਤਾਰ ਦੋਸ਼ੀਆ ਦੇ ਅਗਲੇ ਪਿਛਲੇ ਸਬੰਧਾਂ ਦੀ ਜਾਂਚ ਕੀਤੀ ਜਾਂ ਰਹੀ

ਏ ਅਤੇ ਕਿਸੇ ਦੇ ਵੀ ਸ਼ਮੂਲੀਅਤ ਸਾਹਮਣੇ ਆਉਣ ਤੇ ਉਸ ਖਿਲਾਫ ਸਖਤ ਤੋਂ ਸਖਤ ਕਾਰਵਾਈ ਕੀਤੀ ਜਾਵੇਗੀ ।

---------------------------------------------------------

ਪੰਜਾਬ ਵਿਜੀਲੈਂਸ ਬਿਊਰੋ ਨੇ ਪੰਜਾਬ ਛੋਟੀਆਂ ਸਨਅੱਤਾਂ ਅਤੇ ਬਰਾਮਦ ਨਿਗਮ ਲਿਮਟਿਡ ਦੇ ਉਦਯੋਗਿਕ ਪਲਾਟਾਂ ਦੀ ਅਲਾਟਮੈਂਟ ਵਿੱਚ, ਧੋਖਾਧੜੀ ਕਰਨ ਸਬੰਧੀ ਮੁਕੱਦਮੇ ’ਚ ਲੋੜੀਂਦੇ ਤਿੰਂਨ ਹੋਰ ਦੋਸ਼ੀਆਂ ਦਰਸ਼ਨ ਕੁਮਾਰ ਉਰਫ ਦਰਸ਼ਨ ਗਰਗ ਅਤੇ ਅਮਰਜੀਤ ਸਿੰਘ ਅਤੇ ਵਿਜੇ ਕੁਮਾਰ ਗੁਪਤਾ, ਨੂੰ ਗ੍ਰਿਫਤਾਰ ਕੀਤਾ ਏ । ਮੁਹਾਲੀ ਚ ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਦੱਸਿਆ ਕਿ ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮਾਂ ਨੇ ਮੁਹਾਲੀ ਦੇ ਚੀਫ਼ ਜੁਡੀਸ਼ੀਅਲ ਮੈਜਿਸਟਰੇਟ ਦੀ ਅਦਾਲਤ ਵਿੱਚ ਆਤਮ ਸਮਰਪਣ ਕਰ ਦਿੱਤਾ ਸੀ, ਜਿਸ ਪਿੱਛੋਂ ਵਿਜੀਲੈਂਸ ਨੇ ਉਨ੍ਹਾਂ ਨੂੰ ਗ੍ਰਿਫਤਾਰ ਕਰ ਲਿਆ । ਬੁਲਾਰੇ ਨੇ ਦੱਸਿਆ ਕਿ ਇਸ ਸਬੰਧ ਵਿੱਚ ਪਹਿਲਾਂ ਹੀ ਭ੍ਰਿਸ਼ਟਾਚਾਰ ਰੋਕਣ ਬਾਰੇ ਕਾਨੂੰਨ ਦੀ ਧਾਰਾ ਤਹਿਤ ਮਾਮਲਾ ਦਰਜ ਕੀਤਾ ਹੋਇਆ ਏ । ਉਨ੍ਹਾਂ ਦੱਸਿਆ ਕਿ ਇਹ ਮੁਲਾਜ਼ਮਾਂ ਨੇ ਹੋਰਨਾਂ ਨਾਲ ਮਿਲ ਕੇ ਫਰਜ਼ੀ ਖ਼ਰੀਦਦਾਰ, ਜਾਅਲੀ ਪਤੇ ਅਤੇ ਫਰਜ਼ੀ ਫਰਮਾਂ ਦੀ

ਵਰਤੋਂ ਕਰਕੇ, ਉਦਯੋਗਿਕ ਪਲਾਟਾਂ ਦੀ ਅਲਾਟਮੈਂਟ ਵਿੱਚ ਬੇਨਿਯਮੀਆਂ ਕੀਤੀਆਂ ਨੇ। ਉਨ੍ਹਾਂ ਕਿਹਾ ਕਿ ਇਸ ਮੁਕੱਦਮੇ ਦੀ ਅਗਲੇਰੀ ਜਾਂਚ ਜਾਰੀ ਏ।

-----------------------------------------------------------

ਫਰਾਂਸ ਦੀ ਰਾਜਧਾਨੀ ਪੈਰਿਸ ਵਿੱਚ ਚੱਲ ਰਹੀਆਂ ਪੈਰਾਲੰਪਿਕ ਖੇਡਾਂ ਦੇ 10ਵੇਂ ਦਿਨ, ਭਾਰਤ ਨੇ ਕੱਲ੍ਹ ਦੋ ਹੋਰ ਤਮਗੇ ਜਿੱਤੇ। ਨਵਦੀਪ ਸਿੰਘ ਨੇ ਮਰਦਾਂ ਦੇ ਜੈਵਲਿਨ ਥਰੋਅ ਮੁਕਾਬਲੇ ਵਿੱਚ ਸੋਨ ਤਮਗਾ ਜਿੱਤਿਆ। ਇਸ ਈਵੈਂਟ ਵਿਚ ਪਹਿਲੇ ਸਥਾਨ 'ਤੇ ਰਹਿਣ ਵਾਲੇ ਈਰਾਨੀ ਖਿਡਾਰੀ ਨੂੰ ਅਣਉਚਿਤ ਵਿਵਹਾਰ ਕਾਰਨ ਅਯੋਗ ਕਰਾਰ ਦਿੱਤਾ ਗਿਆ ਸੀ। ਇਸ ਤੋਂ ਪਹਿਲਾਂ ਸਿਮਰਨ ਸ਼ਰਮਾ ਨੇ ਔਰਤਾਂ ਦੇ 200 ਮੀਟਰ ਟਰੈਕ ਮੁਕਾਬਲੇ ਵਿੱਚ ਕਾਂਸੀ ਦਾ ਤਮਗਾ ਦੇਸ਼ ਦੇ ਨਾਮ ਕੀਤਾ। ਭਾਰਤ ਹੁਣ 29 ਤਮਗੇ ਜਿੱਤ ਕੇ, ਪੈਰਾਲੰਪਿਕ ਖੇਡ ਸੂਚੀ ਵਿੱਚ 16ਵੇਂ ਸਥਾਨ 'ਤੇ ਪਹੁੰਚ ਗਿਆ ਏ, ਜਿਨ੍ਹਾਂ ਵਿੱਚ 7 ਸੋਨ, 9 ਚਾਂਦੀ ਅਤੇ 13 ਕਾਂਸੀ ਦੇ ਤਮਗੇ ਸ਼ਾਮਲ ਨੇ। ਰਾਸ਼ਟਰਪਤੀ, ਉਪ-ਰਾਸ਼ਟਰਪਤੀ ਅਤੇ ਪ੍ਰਧਾਨ ਮੰਤਰੀ ਨੇ ਪੈਰਿਸ ਪੈਰਾਲੰਪਿਕ ਤਮਗਾ

ਜੇਤੂਆਂ ਨੂੰ ਵਧਾਈ ਦਿੱਤੀ ਏ। ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਸੋਸ਼ਲ ਮੀਡੀਆ ਪੋਸਟ 'ਚ ਕਿਹਾ ਕਿ ਨਵਦੀਪ ਸਿੰਘ ਨੇ, ਮਰਦਾਂ ਦੇ ਜੈਵਲਿਨ ਥਰੋਅ ਮੁਕਾਬਲੇ 'ਚ ਸੋਨ ਤਮਗਾ ਜਿੱਤ ਕੇ ਖੇਡ ਪ੍ਰੇਮੀਆਂ ਦਾ ਦਿਲ ਜਿੱਤ ਲਿਆ ਏ ਅਤੇ ਦੇਸ਼ ਨੂੰ ਉਨ੍ਹਾਂ 'ਤੇ ਮਾਣ ਏ। ਉਨ੍ਹਾਂ ਆਸ ਪ੍ਰਗਟਾਈ ਕਿ ਔਰਤਾਂ ਦੀ 200 ਮੀਟਰ ਦੌੜ ਵਿੱਚ ਕਾਂਸੀ ਦਾ ਤਮਗਾ ਜਿੱਤਣ ਵਾਲੀ ਸਿਮਰਨ ਸ਼ਰਮਾ, ਦੇਸ਼ ਲਈ ਹੋਰ ਤਮਗੇ ਜਿੱਤੇਗੀ। ਉਪ-ਰਾਸ਼ਟਰਪਤੀ ਜਗਦੀਪ ਧਨਖੜ ਨੇ ਕਿਹਾ ਕਿ ਸਿਮਰਨ ਦੀ ਕਾਮਯਾਬੀ, ਮਿਹਨਤ, ਲਗਨ ਅਤੇ ਦ੍ਰਿੜ ਇਰਾਦੇ ਦਾ ਨਤੀਜਾ ਏ। ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਕਿ ਸਿਮਰਨ ਦੀ ਸਫਲਤਾ ਹੋਰ ਖਿਡਾਰੀਆਂ ਨੂੰ ਵੀ ਪ੍ਰੇਰਿਤ ਕਰੇਗੀ।